# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 02-04-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਾਰਲੀਮੈਂਟ ਵਿੱਚ ਸਿਹਤ ਸਹੂਲਤਾਂ ਦੀ ਆੜ ਹੇਠ ਨਿੱਜੀ ਹਸਪਤਾਲਾਂ ਅਤੇ ਬੀਮਾ ਕੰਪਨੀਆਂ ਵੱਲੋਂ ਕੀਤੀ ਜਾ ਰਹੀ ਕਥਿਤ ਲੁੱਟ ਦਾ ਮੁੱਦਾ ਉਠਾਇਆ।
- ਦਰਮਿਆਨ ਹਰ ਰੋਜ਼ ਦੋ ਉਡਾਣਾਂ ਚਲਾਉਣ ਦਾ ਕੀਤਾ ਐਲਾਨ- ਇਹ ਉਡਾਣਾਂ ਬਰਤਾਨੀਆ ਤੇ ਯੂਰੋਪ ਨੂੰ ਵੀ ਲੁਧਿਆਣਾ ਨਾਲ ਜੋੜਣਗੀਆਂ I
- ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵਲੋਂ ਚੱਲ ਰਹੇ ਖਰੀਦ ਕਾਰਜਾਂ ਦੇ ਮੱਦੇਨਜ਼ਰ ਉੱਚ ਅਧਿਕਾਰੀਆਂ ਤੇ ਹੋਰਨਾਂ ਨਾਲ ਇੱਕ ਵਿਸ਼ੇਸ਼ ਮੀਟਿੰਗ-ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੇ ਦਿੱਤੇ ਨਿਰਦੇਸ਼ ।

- ਪਟਿਆਲਾ ਪੁਲਿਸ ਵਲੋਂ ਅੰਤਰ-ਰਾਜੀ ਗੈਰ-ਕਾਨੂੰਨੀ ਹਥਿਆਰ ਸਪਲਾਈ ਮਾਡਿਊਲ ਦਾ ਪਰਦਾਫਾਸ਼ -ਚਾਰ ਮੁਲਜ਼ਮਾਂ ਨੂੰ 10 ਹਥਿਆਰਾਂ ਸਮੇਤ ਕੀਤਾ ਗ੍ਰਿਫ਼ਤਾਰ ।
- IPL ਕ੍ਰਿਕਟ ਵਿੱਚ, ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਅੱਜ ਸ਼ਾਮ ਸਾਢੇ 7 ਵਜੇ ਸਨਰਾਈਜ਼ਰਸ ਹੈਦਰਾਬਾਦ ਨਾਲ ਹੋਵੇਗਾ ।

**<u>ਹੁਣ ਖਬਰਾਂ ਵਿਸਥਾਰ ਨਾਲ</u>**

---------------------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਾਰਲੀਮੈਂਟ ਵਿੱਚ ਸਿਹਤ ਸਹੂਲਤਾਂ ਦੀ ਆੜ ਹੇਠ ਨਿੱਜੀ ਹਸਪਤਾਲਾਂ ਅਤੇ ਬੀਮਾ ਕੰਪਨੀਆਂ ਵੱਲੋਂ ਕੀਤੀ ਜਾ ਰਹੀ ਕਥਿਤ ਲੁੱਟ ਦਾ ਮੁੱਦਾ ਉਠਾਇਆ। ਕਲ ਸਿਫ਼ਰ ਕਾਲ ਦੌਰਾਨ ਸਿਹਤ ਸਹੂਲਤਾਂ ਵਰਗੇ ਬੁਨਿਆਦੀ ਮੁੱਦੇ ‘ਤੇ ਗਰੀਬ ਲੋਕਾਂ ਦੀ ਕੀਤੀ ਜਾ ਰਹੀ ਤੇ ਮਰੀਜ਼ ਨੂੰ ‘ਗਾਹਕ’ ਸਮਝਣ ਦੀ ਪਰਵਿਰਤੀ ਤੋਂ ਦੇਸ਼ ਦੇ ਲੋਕਾਂ ਨੂੰ ਸੁਚੇਤ ਕਰਦਿਆਂ ਉਨ੍ਹਾਂ ਸਦਨ ਵਿੱਚ ਮੰਗ ਕੀਤੀ ਕਿ ਨਿੱਜੀ ਹਸਪਤਾਲਾਂ ਅਤੇ ਬੀਮਾ ਕੰਪਨੀਆਂ ਦੀ ਲੁੱਟ ‘ਤੇ ਨਕੇਲ ਕੱਸੀ ਜਾਵੇ । ਉਨ੍ਹਾਂ ਕਿਹਾ ਕਿ ਬੀਮਾ ਕੰਪਨੀ ਦੀਆਂ ਸ਼ਰਤਾਂ ਸਰਲ ਤੇ ਮਾਤ ਭਾਸ਼ਾ ਵਿੱਚ ਹੋਣ ਜਿਹੜੀਆਂ ਅਸਾਨੀ ਨਾਲ ਪੜ੍ਹੀਆ ਜਾ ਸਕਣ।

ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਨਿੱਜੀ ਹਸਪਤਾਲਾਂ ਦੀ ਲੁੱਟ ਤੋਂ ਬਚਣ ਲਈ ਲੋਕ ਚੰਡੀਗੜ੍ਹ ਦੇ ਪੀਜੀਆਈ ਵਰਗੇ ਹਸਪਤਾਲਾਂ ਵੱਲ ਰੁਖ ਕਰਦੇ ਨੇ ਪਰ ਉਥੇ ਪਹਿਲਾਂ ਹੀ 8 ਸੂਬਿਆਂ ਦੇ ਮਰੀਜ ਆਉਣ ਕਾਰਨ ਬਹੁਤ ਦਬਾਅ ਬਣਿਆ ਰਹਿੰਦਾ ਏ । ਉਨਾ ਮੰਗ ਕੀਤੀ ਕਿ ਪੀਜੀਆਈ ਵਰਗੇ ਹੋਰ ਹਸਪਤਾਲਾਂ ਦੀ ਲੋੜ ਏ । BYTE:RNU020426

-----------------------------------------------------------------------

ਏਅਰ ਇੰਡੀਆ ਨੇ ਅੱਜ ਐਲਾਨ ਕੀਤਾ ਏ ਕਿ ਉਹ 15 ਮਈ ਤੋਂ ਦਿੱਲੀ ਅਤੇ ਹਲਵਾਰਾ ਦਰਮਿਆਨ ਹਰ ਰੋਜ਼ ਦੋ ਉਡਾਣਾਂ ਚਲਾਏਗੀ ਅਤੇ ਪੰਜਾਬ-ਲੁਧਿਆਣਾ ਦੇ ਉਦਯੋਗਿਕ ਕੇਂਦਰ ਤੋਂ ਯਾਤਰੀਆਂ ਨੂੰ ਦਿੱਲੀ ਅਤੇ ਇਸ ਤੋਂ ਬਾਹਰ ਦੁਨੀਆ ਭਰ ਦੀਆਂ ਥਾਵਾਂ ਨਾਲ ਜੋੜੇਗੀ। ਇਹ ਏਅਰਲਾਈਨ ਲੁਧਿਆਣਾ ਦੇ ਨਵੇਂ ਬਣੇ ਹਲਵਾਰਾ ਹਵਾਈ ਅੱਡੇ ਤੋਂ ਉਡਾਣਾਂ ਸ਼ੁਰੂ ਕਰਨ ਵਾਲੀ ਪਹਿਲੀ ਏਅਰਲਾਈਨ ਬਣ ਗਈ ਏ, ਜਿਸ ਵਲੋਂ ਰਾਹੀਂ ਦਿੱਲ੍ਹੀ ਹੁੰਦਿਆਂ ਪੂਰਾ ਬਰਤਾਨੀਆ ਅਤੇ ਯੂਰਪ ਜਿਸ ਰੋਮ ਮਿਲਾਨ ਤੇ ਪੈਰਿਸ ਸ਼ਾਮਿਲ ਨੇ ਤੱਕ ਇੱਕੋ ਦਿਨ ਵਿੱਚ ਪਹੁੰਚਾਉਣ ਵਾਲੀਆਂ ਉਡਾਨਾਂ ਦੀ ਸਹੂਲਤ ਮੁਹਈਆ ਕੀਤੀ ਜਾ ਰਹੀ ਏ । ਪ੍ਰੋਗਰਾਮ ਤਹਿਤ, ਉਡਾਣ AI-481 ਸਵੇਰੇ 5 ਵੱਜਕੇ 55 ਮਿੰਟ ਤੇ ਦਿੱਲੀ ਤੋਂ ਰਵਾਨਾ ਹੋਵੇਗੀ ਅਤੇ ਸਵੇਰੇ 7 ਵੱਜਕੇ 5 ਮਿੰਟ ਤੇ ਹਲਵਾਰਾ

ਪਹੁੰਚੇਗੀ, ਇਸ ਤੋਂ ਬਾਅਦ ਵਾਪਸੀ ਸੇਵਾ AI-482 ਹਲਵਾਰਾ ਤੋਂ ਸਵੇਰੇ 7 ਵੱਜਕੇ 55 ਮਿੰਟ ਤੇ ਰਵਾਨਾ ਹੋਵੇਗੀ ਅਤੇ ਸਵੇਰੇ 9 ਵੱਜਕੇ 10 ਮਿੰਟ ਤੇ ਦਿੱਲੀ ਪਹੁੰਚੇਗੀ। ਏਅਰ ਇੰਡੀਆ ਦੇ ਮੁੱਖ ਵਪਾਰਕ ਅਧਿਕਾਰੀ ਨਿਪੁਣ ਅਗਰਵਾਲ ਨੇ ਕਿਹਾ ਕਿ ਵਿਦੇਸ਼ ਜਾਣ ਵਾਲੇ ਯਾਤਰੀਆਂ ਨੂੰ ਇੱਕ ਹੀ ਟਿਕਟ 'ਤੇ ਦਿੱਲੀ ਤੋਂ ਉਸੇ ਟਰਮੀਨਲ ਰਾਹੀਂ ਅਗਲੀਆਂ ਉਡਾਣਾਂ ਮਿਲਣਗੀਆਂ। ਉਨ੍ਹਾਂ ਨੂੰ ਆਪਣਾ ਸਮਾਨ ਦੂਜੇ ਜਹਾਜ਼ ਵਿੱਚ ਵੀ ਤਬਦੀਲ ਨਹੀਂ ਕਰਨਾ ਪਵੇਗਾ ਅਤੇ ਵਿਦੇਸ਼ ਵਿੱਚ ਆਪਣੀ ਆਖਰੀ ਮੰਜ਼ਿਲ 'ਤੇ ਸਮਾਨ ਪ੍ਰਾਪਤ ਹੋਵੇਗਾ।

-----------------------------------------------------------------------

ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਫਾਜ਼ਿਲਕਾ ਹਲਕੇ ਵਿੱਚ ਕਈ ਵੱਡੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਹੋਏ ਨੀਂਹ ਪੱਥਰ ਰੱਖਿਆ । ਇਸ ਮੌਕੇ ਉਨ੍ਹਾਂ ਸੜਕ ਢਾਂਚਾ, ਸਿੱਖਿਆ, ਬਿਜਲੀ ਅਤੇ ਹੋਰ ਅਹਿਮ ਖੇਤਰਾਂ ਨਾਲ ਸੰਬੰਧਿਤ ਪ੍ਰੋਜੈਕਟ ਲੋਕਾਂ ਨੂੰ ਸਮਰਪਿਤ ਕੀਤੇ। ਮੁੱਖ ਮੰਤਰੀ ਨੇ ਕਿਹਾ ਕਿ ਇਲਾਕੇ ਦੇ ਵਿਕਾਸ ਲਈ ਪੰਜਾਬ ਮੰਡੀ ਬੋਰਡ ਵੱਲੋਂ ਲਿੰਕ ਸੜਕਾਂ, ਪੁਲਾਂ ਅਤੇ ਮੰਡੀਆਂ ਦੇ ਵਿਕਾਸ ਲਈ ਵੱਡੇ ਪੱਧਰ ‘ਤੇ ਕੰਮ ਸ਼ੁਰੂ ਕੀਤਾ ਗਿਆ ਏ । ਉਨ੍ਹਾਂ ਦੱਸਿਆ ਕਿ ਫਾਜ਼ਿਲਕਾ ਹਲਕੇ ਵਿੱਚ 59 ਨਵੇਂ ਪੁਲ ਅਤੇ ਲਿੰਕ ਸੜਕਾਂ ਬਣਾਈਆਂ ਜਾਣਗੀਆਂ, ਜਿਨ੍ਹਾਂ ‘ਤੇ 34 ਕਰੋੜ 61 ਲੱਖ ਰੁਪਏ ਖਰਚ ਹੋਣਗੇ।

ਇਸ ਤੋਂ ਇਲਾਵਾ 34 ਕਿਲੋਮੀਟਰ ਲੰਬੀਆਂ ਲਿੰਕ ਸੜਕਾਂ ਨੂੰ ਚੌੜਾ ਕਰਨ ਲਈ 22 ਕਰੋੜ 43 ਲੱਖ ਰੁਪਏ ਮਨਜ਼ੂਰ ਕੀਤੇ ਗਏ ਨੇ  ਜਿਸ ਨਾਲ ਆਵਾਜਾਈ ਹੋਰ ਸੁਖਾਲੀ ਅਤੇ ਸੁਰੱਖਿਅਤ ਬਣੇਗੀ। ਉਨ੍ਹਾਂ ਕਿਹਾ ਕਿ ਪਹਿਲਾਂ ਬਣੀਆਂ ਸੜਕਾਂ ਦੀ ਮੁਰੰਮਤ ਅਤੇ ਨਵੀਨੀਕਰਨ ਲਈ ਵੀ ਵੱਡੀ ਰਾਸ਼ੀ ਜਾਰੀ ਕੀਤੀ ਗਈ ਹੈ। ਮੁੱਖ ਮੰਤਰੀ ਨੇ ਫਾਜ਼ਿਲਕਾ ਵਿੱਚ ਮੈਡੀਕਲ ਕਾਲਜ ਬਣਾਉਣ ਦਾ ਵੀ ਵਾਅਦਾ ਕੀਤਾ। ਇਸ ਮੌਕੇ ਦਾਣਾ ਮੰਡੀ ਵਿੱਚ ਇੱਕ ਵੱਡੀ ਰੈਲੀ ਦਾ ਆਯੋਜਨ ਕੀਤਾ ਗਿਆ, ਜਿੱਥੇ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ। ਇਸ ਦੌਰਾਨ ਫਾਜ਼ਿਲਕਾ ਵਿਧਾਇਕ ਨਰਿੰਦਰਪਾਲ ਸਿੰਘ ਸਵਣਾ ਨੇ ਸਰਹਦੀ ਇਲਾਕੇ ਦੀਆਂ ਮੁਸ਼ਕਲਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਪਿਛਲੇ ਦਿਨੀਂ ਜ਼ਿਲ੍ਹੇ ਵਿੱਚ ਹੋਈ ਗੜੇਮਾਰੀ ਕਾਰਨ ਕਿਸਾਨਾਂ ਨੂੰ ਨੁਕਸਾਨ ਦੀ ਭਰਪਾਈ ਲਈ ਮੁਆਵਜ਼ਾ ਦੇਣ ਦੀ ਮੰਗ ਵੀ ਕੀਤੀ। ਮੁੱਖ ਮੰਤਰੀ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਵੱਲੋਂ ਹਰ ਵਰਗ ਦੀ ਭਲਾਈ ਲਈ ਯੋਜਨਾਵਾਂ ਨੂੰ ਤਰਜੀਹ ਦਿੱਤੀ ਜਾ ਰਹੀ ਏ  ਅਤੇ ਫਾਜ਼ਿਲਕਾ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ।

---------------------------------------------------------------------------

ਇਕ ਹੋਰ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ

ਸੰਗਰੂਰ ਦੇ ਪਿੰਡ ਚੀਮਾ ਵਿਖੇ ਸੰਤ ਅਤਰ ਸਿੰਘ ਜੀ ਮਹਾਰਾਜ ਹਸਪਤਾਲ ਦਾ ਉਦਘਾਟਨ ਕੀਤਾ। ਜ਼ਿਕਰਯੋਗ ਏ ਕਿ 11 ਕਰੋੜ 70 ਲਖ ਦੀ ਲਾਗਤ ਨਾਲ ਬਣਿਆ ਅਤੇ 30 ਬਿਸਤਰਿਆਂ ਵਾਲਾ ਇਹ ਅਤਿ-ਆਧੁਨਿਕ ਹਸਪਤਾਲ ਸਿਹਤ ਸੰਭਾਲ ਬੁਨਿਆਦੀ ਢਾਂਚੇ ਦੇ ਵਿਸਥਾਰ ਦੇ ਨਾਲ-ਨਾਲ ਪੂਰੇ ਖੇਤਰ ਵਿੱਚ ਹਜ਼ਾਰਾਂ ਲੋਕਾਂ ਨੂੰ ਮਿਆਰੀ ਡਾਕਰਟਰੀ ਸਹੂਲਤਾਂ ਪ੍ਰਦਾਨ ਕਰਨ ਲਈ ਸ਼ੁਰੂ ਕੀਤਾ ਜਾ ਰਿਹਾ ਏ । ਮੁੱਖ ਮੰਤਰੀ ਨੇ ਕਿਹਾ ਕਿ ਇਹ ਹਸਪਤਾਲ ਨਾ ਸਿਰਫ਼ 15 ਪਿੰਡਾਂ ਦੇ ਲਗਪਗ 50 ਹਜ਼ਾਰ ਵਾਸੀਆਂ ਨੂੰ ਲਾਭ ਪਹੁੰਚਾਏਗਾ, ਸਗੋਂ ਨੇੜਲੇ ਖੇਤਰਾਂ ਦੀ ਲਗਪਗ 35 ਤੋਂ 40 ਹਜ਼ਾਰ ਆਬਾਦੀ ਲਈ ਕਿਫਾਇਤੀ ਅਤੇ ਮਿਆਰੀ ਇਲਾਜ ਵੀ ਮੁਹੱਈਆ ਕਰਵਾਏਗਾ।

---------------------------------------------------------------------------

ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਨ ਸਭਾ, ਜਿਸ ਨੂੰ 16 ਮਾਰਚ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ ਸੀ, ਦੀ ਮੀਟਿੰਗ 13 ਅਪ੍ਰੈਲ ਨੂੰ ਸਵੇਰੇ 11 ਵਜੇ ਚੰਡੀਗੜ੍ਹ ਸਥਿਤ ਪੰਜਾਬ ਵਿਧਾਨ ਸਭਾ ਹਾਲ ਵਿਖੇ ਬੁਲਾਈ ਏ ।

---------------------------------------------------------------------------

ਪੰਜਾਬ ਸਰਕਾਰ ਵੱਲੋਂ ਪਹਿਲੀ ਅਪ੍ਰੈਲ ਤੋਂ ਸ਼ੁਰੂ ਹੋਈ ਕਣਕ ਦੀ ਸਰਕਾਰੀ ਖਰੀਦ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪ੍ਰਸ਼ਾਸਨ

ਪੂਰੀ ਤਰ੍ਹਾਂ ਸਰਗਰਮ ਏ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਗੁਰਦਾਸਪੁਰ ਵਿਖੇ ਉੱਚ ਅਧਿਕਾਰੀਆਂ, ਲੇਬਰ ਕੰਟਰੈਕਟਰਾਂ ਅਤੇ ਟ੍ਰਾਂਸਪੋਰਟ ਨੁਮਾਇੰਦਿਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ । ਇਸ ਵਿੱਚ ਖਰੀਦ ਪ੍ਰਕਿਰਿਆ ਨੂੰ ਪਾਰਦਰਸ਼ੀ ਅਤੇ ਤੇਜ਼ ਬਣਾਉਣ ਲਈ ਅਹਿਮ ਰਣਨੀਤੀ ਉਲੀਕੀ ਗਈ ਏ। ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਵਿੱਚ ਪਹਿਲੀ ਵਾਰ ਆੜ੍ਹਤੀਆਂ, ਮਜ਼ਦੂਰਾਂ ਅਤੇ ਟ੍ਰਾਂਸਪੋਰਟ ਧਿਰਾਂ ਨੂੰ ਸਿੱਧੇ ਤੌਰ 'ਤੇ ਪ੍ਰਕਿਰਿਆ ਵਿੱਚ ਸ਼ਾਮਿਲ ਕੀਤਾ ਗਿਆ ਏ ਤਾਂ ਜੋ ਜ਼ਮੀਨੀ ਪੱਧਰ 'ਤੇ ਕਿਸੇ ਨੂੰ ਵੀ ਕੋਈ ਮੁਸ਼ਕਲ ਪੇਸ਼ ਨਾ ਆਵੇ।

BYTE:RNU020426

ਮੀਟਿੰਗ ਦੌਰਾਨ ਆਏ ਵੱਖ-ਵੱਖ ਸੁਝਾਵਾਂ ਨੂੰ ਸੁਣਿਆ ਗਿਆ ਅਤੇ ਕਈ ਮੁਸ਼ਕਲਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ।ਇਸ ਮੀਟਿੰਗ ਵਿੱਚ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ ਤੇ ਤਰਨਤਾਰਨ ਦੇ ਡਿਪਟੀ ਡਾਇਰੈਕਟਰ ਰਜਨੀਸ਼ ਕੌਰ ਅਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਸ਼ਾਮਿਲ ਹੋਏ। ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ ਗਏ

---

ਗੁਰਦਾਸਪੁਰ ਦੀ 'ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਵਿੱਚ ਹੁਨਰ ਸਿਖਲਾਈ ਤਹਿਤ ਡਰੋਨ ਉਡਾਉਣ ਦੀ ਸਿਖਲਾਈ ਦਿੱਤੀ

ਜਾਵੇਗੀ, ਜਿਸ ਨਾਲ ਨੌਜਵਾਨਾ ਨੂੰ ਰੋਜਗਾਰ ਦੇ ਮੌਕੇ ਵੀ ਮਿਲਣਗੇ I ਇਸ ਪ੍ਰੋਜੇਕਟ ਦੇ ਇੰਚਾਰਜ ਸੋਨਾਲੀ ਸਿਨਹਾ ਨੇ ਦੱਸਿਆ ਕੇ ਇਸ ਅਜੋਕੇ ਸਮੇਂ ਵਿੱਚ ਖੇਤੀਬਾੜੀ ਅਤੇ ਉਦਯੋਗਿਕ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਲਈ ਡਰੋਨ ਤਕਨਾਲੋਜੀ ਇੱਕ ਅਹਿਮ ਭੂਮਿਕਾ ਨਿਭਾ ਰਹੀ ਏ । ਉਨ੍ਹਾਂ ਦਸਿਆ BYTE:RNU020326 ਸਿਖਲਾਈ ਮਾਹਰ ਕੈਪਟਨ ਹਰੀਸ਼ ਨੇ ਇਸੇ ਵਿਸ਼ੇ 'ਤੇ ਡਰੋਨ ਲੈਬ ਵਿਖੇ ਮਾਹਿਰਾਂ ਵੱਲੋਂ ਡਰੋਨ ਦੀਆਂ ਵੱਖ-ਵੱਖ ਕਿਸਮਾਂ ਬਾਰੇ ਵਿਸਥਾਰ 'ਚ ਜਾਣਕਾਰੀ ਸਾਂਝੀ ਕੀਤੀ । BYTE:RNU020326 FPV ਡਰੋਨ ਇਹ ਡਰੋਨ ਹਾਈ-ਸਪੀਡ ਫੋਟੋਗ੍ਰਾਫੀ ਅਤੇ ਵੀਡੀਓਗ੍ਰਾਫੀ ਲਈ ਵਰਤੇ ਜਾਂਦੇ ਨੇ, ਜੋ ਮੁਸ਼ਕਿਲ ਕੋਣਾਂ ਤੋਂ ਵੀ ਸਪਸ਼ਟ ਤਸਵੀਰਾਂ ਲੈਣ ਦੇ ਸਮਰੱਥ ਨੇ । ਡਰੋਨ ਤਕਨਾਲੋਜੀ ਦੇ ਖੇਤਰ ਵਿੱਚ ਖਾਸ ਕਰਕੇ ਖੇਤੀਬਾੜੀ ਸਰਵਿਸ ਪ੍ਰੋਵਾਈਡਰ ਦੇ ਤੋਰ ਤੇ ਅਤੇ ਹੋਰ ਵੀ ਕਈ ਖੇਤਰਾਂ ਵਿੱਚ ਇਹ ਟ੍ਰੇਨਿੰਗ ਕਰਕੇ ਨੌਜਵਾਨ ਰੋਜ਼ਗਾਰ ਤੇ ਲੱਗ ਸਕਦੇ ਨੇ ਅਤੇ ਖੁਦ ਦਾ ਵੀ ਆਪਣਾ ਕਾਰੋਬਾਰ ਕਰ ਸਕਦੇ ਨੇ I

----------------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਵਿੱਤੀ ਸਾਲ 2025-26 ਲਈ ਮਾਰਚ ਮਹੀਨੇ ਤੱਕ ਸ਼ੁੱਧ ਵਸਤਾਂ ਅਤੇ ਸੇਵਾਵਾਂ ਕਰ ਦੀ ਵਸੂਲੀ ਵਿੱਚ 12.52 ਫੀਸਦੀ ਦੇ ਮਹੱਤਵਪੂਰਨ ਵਾਧੇ ਦਾ

ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਨੇ ਮਾਰਚ 2026 ਵਿੱਚ ਸਾਲ-ਦਰ-ਸਾਲ ਵੀ ਭਾਰੀ ਵਾਧਾ ਦਰਜ ਕੀਤਾ ਹੈ, ਜਿਸ ਵਿੱਚ ਸ਼ੁੱਧ ਜੀ.ਐਸ.ਟੀ. ਸੰਗ੍ਰਹਿ ਮਾਰਚ 2025 ਦੇ 1 ਹਜ਼ਾਰ 913 ਕਰੋੜ 82 ਲਖ ਰੁਪਏ ਤੋਂ ਵੱਧ ਕੇ 2 ਹਜ਼ਾਰ 231 ਕਰੋੜ 93 ਲਖ ਰੁਪਏ ਹੋ ਗਿਆ ਏ। ਅੱਜ ਚੰਡੀਗੜ੍ਹ ਚ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਨ੍ਹਾਂ ਅੰਕੜਿਆਂ ਦਾ ਖੁਲਾਸਾ ਕਰਦਿਆਂ, ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਨੇ ਪੂਰੇ ਵਿੱਤੀ ਸਾਲ 2025-26 ਲਈ ਨਿਰੰਤਰ ਅਤੇ ਵਿਆਪਕ ਮਾਲੀਆ ਵਾਧਾ ਦਰਜ ਕੀਤਾ ਏ। ਉਨ੍ਹਾ ਕਿਹਾ ਕਿ ਪਹਿਲੇ ਛੇ ਮਹੀਨਿਆਂ ਵਿੱਚ, ਪੰਜਾਬ ਨੇ ਸ਼ੁੱਧ ਜੀ.ਐਸ.ਟੀ. ਸੰਗ੍ਰਹਿ ਵਿੱਚ 2 ਹਜ਼ਾਰ 478 ਕਰੋੜ 19 ਲਖ ਰੁਪਏ ਦਾ ਵੱਡਾ ਵਾਧਾ ਦਰਜ ਕੀਤਾ, ਜੋ ਕਿ 23 ਫੀਸਦੀ ਦੇ ਵਾਧੇ ਨੂੰ ਦਰਸਾਉਂਦਾ ਏ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਜੀ.ਐਸ.ਟੀ. ਸੰਗ੍ਰਹਿ ਵਿੱਚ ਲਗਾਤਾਰ ਵਾਧਾ, ਖਾਸ ਕਰਕੇ ਆਖਰੀ ਤਿਮਾਹੀ ਵਿੱਚ ਮਜ਼ਬੂਤ ਰਿਕਵਰੀ, ਮਜ਼ਬੂਤ ਵਿੱਤੀ ਪ੍ਰਬੰਧਨ ਅਤੇ ਪ੍ਰਭਾਵਸ਼ਾਲੀ ਟੈਕਸ ਪ੍ਰਸ਼ਾਸਨ ਪ੍ਰਤੀ ਸੂਬਾ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦੀ ਏ।

--------------------------------------------------------------------------------

ਪਟਿਆਲਾ ਪੁਲਿਸ ਨੇ ਅੰਤਰ-ਰਾਜੀ ਗੈਰ-ਕਾਨੂੰਨੀ ਹਥਿਆਰ ਸਪਲਾਈ ਮਾਡਿਊਲ ਨਾਲ ਸਬੰਧਤ ਚਾਰ ਮੁਲਜ਼ਮਾਂ ਨੂੰ 10 ਹਥਿਆਰਾਂ ਸਮੇਤ

ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਏ । ਪਟਿਆਲਾ ਦੇ ਐਸਐਸਪੀ ਵਰੁਣ ਸ਼ਰਮਾ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬਿਹਾਰ ਦੇ ਸੌਰਭ ਕੁਮਾਰ , ਐਸਏਐਸ ਨਗਰ ਦੇ ਸਾਜਨ, ਪਟਿਆਲਾ ਦੇ ਅਭਿਸ਼ੇਕ ਉਰਫ਼ ਕਾਕਾ ਅਤੇ ਇੰਦਰਜੀਤ ਸਿੰਘ ਉਰਫ਼ ਰੋਹਿਤ ਵਜੋਂ ਹੋਈ ਏ । ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਬਿਹਾਰ ਤੋਂ ਦੇਸੀ ਹਥਿਆਰ ਲਿਆਉਂਦੇ ਸਨ ਅਤੇ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਸੂਬੇ ਵਿੱਚ ਸਪਲਾਈ ਕਰਦੇ ਸਨ। ਇਸ ਮਾਮਲੇ ਵਿੱਚ ਅਗਲੇਰੀ ਜਾਂਚ ਜਾਰੀ ਏ ।

------------------------------------------------------------------

IPL ਕ੍ਰਿਕਟ ਵਿੱਚ, ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਅੱਜ ਸ਼ਾਮ ਸਾਢੇ 7 ਵਜੇ ਕੋਲਕਾਤਾ ਦੇ ਈਡਨ ਗਾਰਡਨ ਵਿੱਚ ਸਨਰਾਈਜ਼ਰਸ ਹੈਦਰਾਬਾਦ ਨਾਲ ਹੋਵੇਗਾ ।

------------------------------------------------------------------

- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪਾਰਲੀਮੈਂਟ ਵਿੱਚ ਸਿਹਤ ਸਹੂਲਤਾਂ ਦੀ ਆੜ ਹੇਠ ਨਿੱਜੀ ਹਸਪਤਾਲਾਂ ਅਤੇ

ਬੀਮਾ ਕੰਪਨੀਆਂ ਵੱਲੋਂ ਕੀਤੀ ਜਾ ਰਹੀ ਕਥਿਤ ਲੁੱਟ ਦਾ ਮੁੱਦਾ ਉਠਾਇਆ।

- ਦਰਮਿਆਨ ਹਰ ਰੋਜ਼ ਦੋ ਉਡਾਣਾਂ ਚਲਾਉਣ ਦਾ ਕੀਤਾ ਐਲਾਨ- ਇਹ ਉਡਾਣਾਂ ਬਰਤਾਨੀਆ ਤੇ ਯੁਰੋਪ ਨੂੰ ਵੀ ਲੁਧਿਆਣਾ ਨਾਲ ਜੋੜਣਗੀਆਂ I
- ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵਲੋਂ ਚੱਲ ਰਹੇ ਖਰੀਦ ਕਾਰਜਾਂ ਦੇ ਮੱਦੇਨਜ਼ਰ ਉੱਚ ਅਧਿਕਾਰੀਆਂ ਤੇ ਹੋਰਨਾਂ ਨਾਲ ਇੱਕ ਵਿਸ਼ੇਸ਼ ਮੀਟਿੰਗ-ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੇ ਦਿੱਤੇ ਨਿਰਦੇਸ਼ ।
- ਪਟਿਆਲਾ ਪੁਲਿਸ ਵਲੋਂ ਅੰਤਰ-ਰਾਜੀ ਗੈਰ-ਕਾਨੂੰਨੀ ਹਥਿਆਰ ਸਪਲਾਈ ਮਾਡਿਊਲ ਦਾ ਪਰਦਾਫਾਸ਼ -ਚਾਰ ਮੁਲਜ਼ਮਾਂ ਨੂੰ 10 ਹਥਿਆਰਾਂ ਸਮੇਤ ਕੀਤਾ ਗ੍ਰਿਫ਼ਤਾਰ ।
- IΠΛ ਕ੍ਰਿਕਟ ਵਿੱਚ, ਕੋਲਕਾਤਾ ਨਾਈਟ ਰਾਈਡਰਜ਼ ਦਾ ਮੁਕਾਬਲਾ ਅੱਜ ਸ਼ਾਮ ਸਾਢੇ 7 ਵਜੇ ਸਨਰਾਈਜ਼ਰਸ ਹੈਦਰਾਬਾਦ ਨਾਲ ਹੋਵੇਗਾ ।

---------------------------------------------------------------------